# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 02-06-2024**

ਲੋਕ ਸਭਾ ਚੋਣਾਂ ਦੇ 7ਵੇਂ ਅਤੇ ਆਖ਼ਰੀ ਪੜਾਅ ਵਿੱਚ ਕੱਲ੍ਹ 62.36 ਫੀਸਦੀ ਵੋਟਿੰਗ ਹੋਈ ਏ। ਇਸ ਪੜਾਅ ਵਿੱਚ 7 ਰਾਜਾਂ ਅਤੇ ਇੱਕ ਕੇਂਦਰ ਸ਼ਾਸਤ ਪ੍ਰਦੇਸ਼ ਦੇ 57 ਲੋਕਸਭਾ ਹਲਕਿਆਂ ਵਿੱਚ ਵੋਟਿੰਗ ਹੋਈ। ਇਨ੍ਹਾਂ ਵਿੱਚ ਉੱਤਰ ਪ੍ਰਦੇਸ਼ ਅਤੇ ਪੰਜਾਬ ਦੀਆਂ 13-13, ਪੱਛਮੀ ਬੰਗਾਲ ਵਿੱਚ 9, ਬਿਹਾਰ ਵਿੱਚ ਅੱਠ, ਉੜੀਸਾ ਵਿੱਚ ਛੇ, ਹਿਮਾਚਲ ਪ੍ਰਦੇਸ਼ ਵਿੱਚ ਚਾਰ, ਝਾਰਖੰਡ ਵਿੱਚ ਤਿੰਨ ਅਤੇ ਚੰਡੀਗੜ੍ਹ ਵਿੱਚ ਇੱਕ ਸੰਸਦੀ ਸੀਟ ਸ਼ਾਮਲ ਏ। ਪੰਜਾਬ ਵਿਚ ਕੁਲ 61.32 ਫ਼ੀਸਦ ਚੰਡੀਗੜ੍ਹ ਵਿਚ 67 .90 ਫ਼ੀਸਦ ਅਤੇ ਹਿਮਾਚਲ ਪ੍ਰਦੇਸ਼ ਵਿਚ 70.05 ਫੀਸਦੀ ਵੋਟਿੰਗ ਦਰਜ ਕੀਤੀ ਗਈ ਏ। ਲੋਕ ਸਭਾ ਹਲਕਾ ਬਠਿੰਡਾ 'ਚ ਸਬਤੋ ਵੱਧ 67.97 ਫ਼ੀਸਦ, ਫਿਰੋਜ਼ਪੁਰ ਵਿਚ 65.95 ਫ਼ੀਸਦ, ਗੁਰਦਾਸਪੁਰ 'ਚ 64.66 ਫ਼ੀਸਦ , ਪਟਿਆਲਾ ਵਿਚ 62.41 ਫ਼ੀਸਦ, ਸੰਗਰੂਰ ਚ

64.43, ਖਡੂਰ ਸਾਹਿਬ ਵਿਚ 61 .60 ਫ਼ੀਸਦ, ਅਨੰਦਪੁਰ ਸਾਹਿਬ ਵਿਚ 60.02, ਫਤਹਿਗੜ੍ਹ ਸਾਹਿਬ ਵਿਚ 61.18 , ਫਰੀਦਕੋਟ ਵਿਚ 60.78 ਫ਼ੀਸਦ,ਜਲੰਧਰ ਵਿਚ 59.07, ਹੁਸ਼ਿਆਰਪੁਰ ਵਿਚ 58.10, ਲੁਧਿਆਣਾ ਵਿਚ 57.18 ਅਤੇ ਸਬ ਤੋਂ ਘੱਟ ਅੰਮ੍ਰਿਤਸਰ ਵਿਚ 54 .02 ਫੀਸਦੀ ਵੋਟਿੰਗ ਦਰਜ਼ ਕੀਤੀ ਗਈ ਏ । ਸਾਲ 2019 ਦੀਆਂ ਲੋਕਸਭਾ ਚੋਣਾਂ ਵਿਚ 65 ਫੀਸਦੀ ਤੋਂ ਕੁਝ ਵੱਧ ਵੋਟਿੰਗ ਦਰਜ਼ ਕੀਤੀ ਗਈ ਸੀ ।

---------------------------------------------------

ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਵੋਟ ਦੇ ਜਮਹੂਰੀ ਹੱਕ ਦੀ ਵਰਤੋਂ ਲਈ ਚੋਣਾਂ ਵਿੱਚ ਵਧ-ਚੜ੍ਹ ਕੇ ਹਿੱਸਾ ਲੈਣ ਲਈ ਸੂਬੇ ਦੇ ਵੋਟਰਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਏ । ਉਨ੍ਹਾਂ ਕਿਹਾ ਕਿ ਗਰਮੀ ਦੇ ਬਾਵਜੂਦ ਵੋਟਰਾਂ ਵੱਲੋਂ ਵੋਟਿੰਗ ਪ੍ਰਕਿਰਿਆ 'ਚ ਦਿਖਾਇਆ ਗਿਆ ਉਤਸ਼ਾਹ ਸ਼ਲਾਘਾਯੋਗ ਏ । ਉਨ੍ਹਾਂ ਕਿਹਾ ਕਿ ਵੋਟਰਾਂ ਨੇ ਚੋਣ ਪ੍ਰਕਿਰਿਆ 'ਚ ਵੱਡੀ ਗਿਣਤੀ ਵਿੱਚ ਹਿੱਸਾ ਲੈ ਕੇ ਭਾਰਤੀ ਸੰਵਿਧਾਨ ਦੇ ਨਿਰਮਾਤਾਵਾਂ ਵੱਲੋਂ ਉਨ੍ਹਾਂ ਵਿੱਚ ਜਤਾਏ ਗਏ ਭਰੋਸੇ ਦਾ ਮਾਣ ਰੱਖਿਆ ਏ । ਉਨ੍ਹਾਂ ਪੰਜਾਬ

ਦੀਆਂ ਰਾਜਨੀਤਿਕ ਪਾਰਟੀਆਂ ਅਤੇ ਉਮੀਦਵਾਰਾਂ ਵੱਲੋਂ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਦਿਆਂ ਚੋਣ ਪ੍ਰਕਿਰਿਆ ਵਿੱਚ ਦਿੱਤੇ ਗਏ ਸਹਿਯੋਗ ਲਈ ਉਨ੍ਹਾਂ ਦਾ ਧੰਨਵਾਦ ਕੀਤਾ, ਜਿਨ੍ਹਾਂ ਨੇ ਵੋਟਿੰਗ ਪ੍ਰਕਿਰਿਆ ਸ਼ਾਂਤੀਪੂਰਨ, ਨਿਰਪੱਖ ਅਤੇ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ। ਉਨ੍ਹਾਂ ਜ਼ਿਲ੍ਹਾ ਚੋਣ ਅਫ਼ਸਰਾਂ-ਕਮ-ਡਿਪਟੀ ਕਮਿਸ਼ਨਰਾਂ ਦੇ ਯਤਨਾਂ ਦੀ ਵੀ ਸ਼ਲਾਘਾ ਕੀਤੀ, ਜਿਨ੍ਹਾਂ ਨੇ ਚੋਣ ਪ੍ਰਕਿਰਿਆ ਦੇ ਸੁਚਾਰੂ ਪ੍ਰਬੰਧਨ ਅਤੇ ਨਿਗਰਾਨੀ ਨੂੰ ਯਕਨੀ ਬਣਾਇਆ। ਸਿਬਿਨ ਸੀ ਨੇ ਪੋਲਿੰਗ ਸਟੇਸ਼ਨਾਂ 'ਤੇ ਉਸਾਰੂ ਤੇ ਸੁਰੱਖਿਅਤ ਮਾਹੌਲ ਯਕੀਨੀ ਬਣਾਉਣ ਲਈ ਪੁਲਿਸ ਕਮਿਸ਼ਨਰਾਂ, ਸੀਨੀਅਰ ਸੁਪਰਡੈਂਟ ਆਫ਼ ਪੁਲਿਸ, ਪੰਜਾਬ ਪੁਲਿਸ ਦੇ ਸਮੂਹ ਕਰਮਚਾਰੀਆਂ ਅਤੇ ਕੇਂਦਰੀ ਹਥਿਆਰਬੰਦ ਪੁਲਿਸ ਬਲਾਂ (ਸੀ.ਏ.ਪੀ.ਐਫ.) ਦਾ ਵੀ ਧੰਨਵਾਦ ਕੀਤਾ, ਜਿਹੜੇ ਚੋਣਾਂ ਦੇ ਐਲਾਨ ਤੋਂ ਲੈ ਕੇ ਵੋਟਿੰਗ ਵਾਲੇ ਦਿਨ ਤੱਕ ਸੂਬੇ 'ਚ ਅਮਨ ਕਾਨੂੰਨ ਦੀ ਸਥਿਤੀ ਬਣਾਏ ਰੱਖਣ ਲਈ ਵਧੇਰੇ ਮਹੱਤਵਪੂਰਨ ਸਨ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਸਾਰੇ ਭਾਈਵਾਲਾਂ ਨੇ ਲੋਕਤੰਤਰ ਦੀ ਅਸਲ ਭਾਵਨਾ ਦਿਖਾਉਂਦਿਆਂ ਚੋਣ ਪ੍ਰਕਿਰਿਆ ਦੀ ਮਰਿਆਦਾ ਕਾਇਮ

ਰੱਖਣ ਲਈ ਵਧ-ਚੜ੍ਹ ਕੇ ਸਹਿਯੋਗ ਦਿੱਤਾ ਅਤੇ ਸਮੁੱਚੇ ਚੋਣ ਅਮਲ ਨੂੰ ਸੁਚਾਰੂ ਤੇ ਪਾਰਦਰਸ਼ੀ ਢੰਗ ਨਾਲ ਨੇਪਰੇ ਚਾੜ੍ਹਨਾ ਯਕੀਨੀ ਬਣਾਇਆ।

-----------------------------------------------------------

ਅੱਜ ਤੜਕੇ ਲੁਧਿਆਣਾ-ਅੰਬਾਲਾ ਟ੍ਰੈਕ 'ਤੇ, ਫਤਿਹਗੜ੍ਹ ਸਾਹਿਬ ਰੇਲਵੇ ਸਟੇਸ਼ਨ ਨੇੜੇ ਮਾਧੋਪੁਰ ਵਿਖੇ ਦੋ ਮਾਲ ਗੱਡੀਆਂ ਦੀ ਟੱਕਰ ਹੋ ਗਈ। ਇਨ੍ਹਾਂ ਮਾਲ ਗੱਡੀਆਂ ਦੇ 2 ਡਰਾਈਵਰ ਜ਼ਖਮੀ ਨੇ ਅਤੇ ਉਨ੍ਹਾਂ ਦੀ ਹਾਲਤ ਗੰਭੀਰ ਦੱਸੀ ਜਾ ਰਹੀ ਏ। ਦੋਵਾਂ ਨੂੰ ਪਟਿਆਲਾ ਦੇ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਏ। ਟ੍ਰੈਕ ਬੁਰੀ ਤਰ੍ਹਾਂ ਨੁਕਸਾਨਿਆ ਗਿਆ ਏ ਅਤੇ ਰੇਲਵੇ ਅਧਿਕਾਰੀ ਇਸ ਦੀ ਮੁਰੰਮਤ ਲਈ ਜੰਗੀ ਪੱਧਰ 'ਤੇ ਉਪਰਾਲੇ ਕਰ ਰਹੇ ਨੇ। ਰੇਲ ਸੰਚਾਲਨ ਜਲਦੀ ਹੀ ਬਹਾਲ ਹੋਣ ਦੀ ਉਮੀਦ ਏ। ਇਸ ਕਾਰਨ ਕੋਲਕਾਤਾ-ਅੰਮ੍ਰਿਤਸਰ ਸਮਰ ਸਪੈਸ਼ਲ ਐਕਸਪ੍ਰੈੱਸ ਰੇਲ ਗੱਡੀ ਦੇਰੀ ਨਾਲ ਚੱਲ ਰਹੀ ਏ। ਹੋਰ ਰੇਲ ਗੱਡੀਆਂ ਨੂੰ ਰਾਜਪੁਰਾ, ਪਟਿਆਲਾ ਅਤੇ ਧੂਰੀ ਸਟੇਸ਼ਨਾਂ ਤੋਂ ਮੋੜਨ ਕਰਕੇ ਆਵਾਜਾਈ ਪ੍ਰਭਾਵਿਤ ਹੋਈ ਏ। ਕੁਝ ਹੋਰ ਰੇਲ ਗੱਡੀਆਂ ਨੂੰ ਵੀ ਚੰਡੀਗੜ੍ਹ ਵੱਲ ਮੋੜ ਦਿੱਤਾ ਗਿਆ ਏ।

---------------------------------------------------------------

ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੀਆਂ ਹਦਾਇਤਾਂ ਤੇ ਜੇਲ੍ਹਾਂ ਵਿੱਚ ਕਾਨੂੰਨੀ ਸਹਾਇਤਾ ਪ੍ਰਦਾਨ ਕਰਨ ਦੀ ਵਿਧੀ ਨੂੰ ਮਜ਼ਬੂਤ ਕਰਨ ਹਿੱਤ ਮੁਕਤਸਰ ਸਾਹਿਬ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਸਕੱਤਰ ਡਾ. ਗਗਨਦੀਪ ਕੌਰ ਵੱਲੋਂ ਵੂਮੈਨ ਜ਼ਿਲ੍ਹਾ ਜੇਲ੍ਹ ਬਠਿੰਡਾ ਦਾ ਦੌਰਾ ਕੀਤਾ ਗਿਆ । ਜਿਲ੍ਹਾ ਕਾਨੂੰਨੀ ਅਥਾਰਟੀ ਵੱਲੋ ਪੈਰਾ ਲੀਗਲ ਵਲੰਟੀਅਰਜ਼ ਅਤੇ ਡਿਫੈਸ ਕਾਉਂਸਲ ਦੀ ਡਿਊਟੀ ਲਗਾਈ ਗਈ ਜੋ ਕਿ ਜਿਲ੍ਹਾ ਜੇਲ੍ਹ ਵਿਚ ਹਰ ਰੋਜ਼ ਆਉਣ ਵਾਲੇ ਹਵਾਲਾਤੀਆਂ ਨੂੰ ਕਾਨੂੰਨੀ ਸਹਾਇਤਾ ਯੋਜਨਾਵਾਂ ਸਬੰਧੀ ਜਾਣਕਾਰੀ ਦੇਣ ਲਈ, ਲਗਾਏ ਗਏ ਰਜਿਸਟਰ ਜਮਾਨਤ ਸਬੰਧੀ ਅਤੇ ਹੋਰ ਮੈਡੀਕਲ ਸਬੰਧੀ ਜਾਣਕਾਰੀ ਦਰਜ ਕਰਨਗੇ, ਅਤੇ ਇਸਦੀ ਸਮੀਖਿਆ ਸੱਕਤਰ ਵੱਲੋ ਕੀਤੀ ਜਾਵੇਗੀ । ਸਕੱਤਰ ਨੇ ਹਵਾਲਾਤੀ ਅਤੇ ਕੈਦੀਆਂ ਨਾਲ ਗੱਲਬਾਤ ਕੀਤੀ ਤੇ ਉਹਨਾਂ ਦੀਆਂ ਮੁਸ਼ਕਿਲਾਂ ਸੁਣੀਆਂ ਅਤੇ ਉਨ੍ਹਾਂ ਦਾ ਨਿਪਟਾਰਾ ਕੀਤਾ ਗਿਆ । ਉਨਾਂ ਜੇਲ੍ਹ ਦੌਰਾਨ ਹਵਾਲਾਤੀਆਂ ਨੂੰ ਦਿੱਤੀ ਜਾਣ ਵਾਲੀ ਮੈਡੀਕਲ ਸਹੂਲਤ ਅਤੇ ਖਾਣੇ ਦਾ ਵੀ ਨਿਰੀਖਣ ਕੀਤਾ ਗਿਆ ।

-----------------------------------------------------------------

ਇਸ ਸਾਲ ਮਈ ਮਹੀਨੇ ਦੀ ਕੁੱਲ ਵਸਤੂ ਅਤੇ ਸੇਵਾ ਟੈਕ੍ਸ (ਜੀ.ਐੱਸ.ਟੀ.) ਦੀ ਆਮਦਨ ਇਕ ਲੱਖ 73 ਹਜ਼ਾਰ ਕਰੋੜ ਰੁਪਏ ਰਹੀ। ਖ਼ਜ਼ਾਨਾ ਮੰਤਰਾਲੇ ਨੇ ਇਕ ਬਿਆਨ 'ਚ ਕਿਹਾ ਕਿ ਇਹ ਸਾਲ ਦਰ ਸਾਲ 10 ਫੀਸਦੀ ਦਾ ਵਾਧਾ ਦਰਸਾਉਂਦਾ ਏ। ਮਈ ਮਹੀਨੇ ਦੀ ਕੁਲ ਕੁਲੈਕਸ਼ਨ ਵਿਚੋਂ ਕੇਂਦਰੀ ਵਸਤੂ ਅਤੇ ਸੇਵਾ ਟੈਕ੍ਸ 32 ਹਜ਼ਾਰ ਕਰੋੜ ਰੁਪਏ, ਰਾਜ ਵਸਤਾਂ ਅਤੇ ਸੇਵਾਵਾਂ ਟੈਕ੍ਸ 40 ਹਜ਼ਾਰ ਕਰੋੜ ਰੁਪਏ ਤੋਂ ਵੱਧ, ਏਕੀਕ੍ਰਿਤ ਵਸਤੂਆਂ ਅਤੇ ਸੇਵਾਵਾਂ ਕਰ 87 ਹਜ਼ਾਰ 781 ਕਰੋੜ ਰੁਪਏ ਅਤੇ 12 ਹਜ਼ਾਰ ਕਰੋੜ ਰੁਪਏ ਤੋਂ ਵੱਧ ਸੈੱਸ ਹੈ। ਮੰਤਰਾਲੇ ਨੇ ਅੱਗੇ ਕਿਹਾ ਕਿ ਰਿਫੰਡ ਲਈ ਲੇਖਾ-ਜੋਖਾ ਕਰਨ ਤੋਂ ਬਾਅਦ, ਪਿਛਲੇ ਮਹੀਨੇ ਦਾ ਸ਼ੁੱਧ ਜੀਐਸਟੀ ਮਾਲੀਆ ਇੱਕ ਲੱਖ 44 ਹਜ਼ਾਰ ਕਰੋੜ ਰੁਪਏ ਹੈ, ਜੋ ਪਿਛਲੇ ਸਾਲ ਦੀ ਇਸੇ ਮਿਆਦ ਦੇ ਮੁਕਾਬਲੇ 6.9 ਪ੍ਰਤੀਸ਼ਤ ਦੇ ਵਾਧੇ ਨੂੰ ਦਰਸਾਉਂਦਾ ਏ। ਮੰਤਰਾਲੇ ਨੇ ਅੱਗੇ ਦੱਸਿਆ ਕਿ ਮਾਲੀ ਸਾਲ 2024-25 ਵਿੱਚ ਕੁੱਲ ਜੀਐਸਟੀ ਕੁਲੈਕਸ਼ਨ 3 ਲੱਖ 83 ਹਜ਼ਾਰ ਕਰੋੜ ਰੁਪਏ ਸੀ। ਇਹ ਘਰੇਲੂ ਲੈਣ-ਦੇਣ ਵਿੱਚ ਮਜ਼ਬੂਤ ਵਾਧੇ

ਅਤੇ ਦਰਾਮਦ ਵਿੱਚ ਮਾਮੂਲੀ ਵਾਧੇ ਦੁਆਰਾ ਸੰਚਾਲਿਤ, ਸਾਲ-ਦਰ-ਸਾਲ ਇੱਕ ਪ੍ਰਭਾਵਸ਼ਾਲੀ 11.3 ਫੀ ਸਦ ਵਾਧੇ ਨੂੰ ਦਰਸਾਉਂਦਾ ਹੈ।